# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

ਮੁੱਖ ਦਫ਼ਤਰ: 297, ਉਪਕਾਰ ਨਗਰ, ਸਿਵਲ ਲਾਈਨਜ਼, ਲੁਧਿਆਣਾ। ਮੋਬਾਈਲ ਨੰ:98556-31777

ਹਵਾਲਾ ਨੰ: ਪ.ੑ੩.ਪ.੩/18

ਮਿਤੀ : 14.02.2019

ਸੇਵਾ ਵਿਖੇ

ਮਾਣਯੋਗ ਮੁੱਖ ਮੰਤਰੀ ਸਾਹਿਬ

ਪੰਜਾਬ। cmo@punjab.gov.in

ਵਿਸ਼ਾ: ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਪਾਲਣਾ ਹਿਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਕੀਤੇ ਜਾਂਦੇ ਦਫਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ ਸਬੰਧੀ ਡਾਇਰੈਕਟਰ ਭਾਸ਼ਾ ਵਿਭਾਗ ਵੱਲੋਂ ਕਾਰਵਾਈ ਨਾ ਕਰਨ ਜਾਂ ਕੀਤੀ ਕਾਰਵਾਈ ਬਾਰੇ ਭਾਈਚਾਰੇ ਨੂੰ ਸੂਚਿਤ ਨਾ ਕਰਨ ਸਬੰਧੀ।

ਸ੍ਰੀ ਮਾਨ ਜੀ,

ਬੜੀ ਹੀ ਨਿਮਰਤਾ ਸਹਿਤ ਆਪ ਜੀ ਦੇ ਧਿਆਨ ਵਿਚ ਲਿਆਂਦਾ ਜਾਂਦਾ ਹੈ ਕਿ:

1. ਪੰਜਾਬ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਪੱਤਰ ਨੰ:65 ਮਿਤੀ 24.12.2018 ਰਾਹੀਂ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਨੂੰ ਬੇਨਤੀ ਕੀਤੀ ਗਈ ਸੀ ਕਿ ਉਹ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਪਾਲਣਾ ਹਿਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਕੀਤੇ ਜਾਂਦੇ ਦਫਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ।
2. ਇਸ ਪੱਤਰ ਦੇ ਉਤਾਰੇ ਮਾਣਯੋਗ ਸ੍ਰੀਮਤੀ ਰਜ਼ੀਆ ਸੁਲਤਾਨਾ ਮੰਤਰੀ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਮਾਣਯੋਗ ਸ੍ਰੀ ਐਸ.ਕੇ. ਸੰਧੂ ਵਧੀਕ ਮੁੱਖ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਮਾਣਯੋਗ ਸ੍ਰੀ ਵੀ.ਕੇ. ਮੀਨਾ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ ਪੰਜਾਬ ਚੰਡੀਗੜ੍ਹ, ਉਪ ਕੁਲਪਤੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਚੇਅਰਮੈਨ ਪੀ.ਐਸ.ਪੀ.ਸੀ.ਐਲ. ਪਟਿਆਲਾ ਨੂੰ ਭੇਜੇ ਗਏ ਸਨ।

3. ਇਸ ਪੱਤਰ ਨੂੰ ਲਿਖਿਆਂ 50 ਦਿਨ ਲੰਘ ਚੁੱਕੇ ਹਨ। ਭਾਈਚਾਰੇ ਨੂੰ ਅੱਜ ਤੱਕ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਵੱਲੋਂ ਜਾਂ ਕਿਸੇ ਹੋਰ ਅਧਿਕਾਰੀ ਵੱਲੋਂ ਇਸ ਵਿਸ਼ੇ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਜਾਣੂ ਨਹੀਂ ਕਰਾਇਆ।
4. ਇਹ ਮਾਮਲਾ ਪੰਜਾਬੀ ਭਾਸ਼ਾ ਦੇ ਪਸਾਰ ਅਤੇ ਵਿਕਾਸ ਨਾਲ ਸਬੰਧਤ ਹੋਣ ਕਾਰਨ ਦੁਨੀਆ ਭਰ ਵਿਚ ਵਸਦੇ ਹਰ ਪੰਜਾਬੀ ਨਾਲ ਸਬੰਧਤ ਹੈ।
5. ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨੂੰ ਯਕੀਨੀ ਬਣਾਉਣ ਨੂੰ ਇਹ ਮਾਮਲਾ ਮੁੜ ਆਪ ਜੀ ਦੇ ਧਿਆਨ ਵਿਚ ਲਿਆ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਤੁਸੀਂ ਆਪ ਇਸ ਮਾਮਲੇ ਵਿਚ ਦਖਲ ਦੇਵੋ ਅਤੇ ਪੰਜਾਬ ਸਰਕਾਰ ਦੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰੋ ਕਿ ਉਹ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਤੇ ਅਮਲ ਯਕੀਨੀ ਬਣਾਉਣ।

ਉਸਾਰੂ ਹੁੰਗਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦੇ ਹਿਤੂ

ਮਿੱਤਰ ਸੈਨ ਮੀਤ
(ਮਿੱਤਰ ਸੈਨ ਮੀਤ)
ਸਹਾਇਕ ਸੰਚਾਲਕ (ਕਾਨੂੰਨ)

(ਸੁਖਇੰਦਰ ਪਾਲ ਸਿੰਘ)
ਸਹਾਇਕ ਸੰਚਾਲਕ (ਦਫ਼ਤਰ)

(ਮਹਿੰਦਰ ਸਿੰਘ ਸੇਖੋਂ)
ਸਹਾਇਕ ਸੰਚਾਲਕ (ਲੋਕ ਸੰਪਰਕ)

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਸ੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
2. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
3. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। vk.meena97@ias.gov.in
4. ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ। vc@pbi.ac.in
5. ਚੇਅਰਮੈਨ, ਪੀ.ਐਸ.ਪੀ.ਸੀ.ਐਲ. ਪਟਿਆਲਾ। cmd-pspcl@pspcl.in

ਨੱਥੀ: ਪ੍ਰਤੀ 24.12.2018

# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

ਹਵਾਲਾ ਨੰ: ਪ.ਭ.ਪ.ਭ./65
ਮਿਤੀ : 24.12.2018

ਵੱਲ

ਡਾਇਰੈਕਟਰ,

ਭਾਸ਼ਾ ਵਿਭਾਗ, ਪੰਜਾਬ, dir.lang@punjab.gov.in

ਪਟਿਆਲਾ।

ਨੰ:ਪ.ਭ.ਪ.ਭ./65 ਮਿਤੀ:24 ਦਸੰਬਰ 2018

ਵਿਸ਼ਾ: ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਪਾਲਣਾ ਹਿਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਕੀਤੇ ਜਾਂਦੇ ਦਫਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ ਸਬੰਧੀ ਬੇਨਤੀ।

ਸ੍ਰੀਮਤੀ ਜੀ,

ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨਾਲ ਸਬੰਧਤ ਕੁਝ ਕਾਨੂੰਨੀ ਵਿਵੱਸਥਾਵਾਂ ਅਤੇ ਤੱਥ, ਨਿਮਰਤਾ ਸਹਿਤ, ਵਿਚਾਰ ਅਤੇ ਯੋਗ ਕਾਰਵਾਈ ਲਈ ਆਪ ਜੀ ਦੇ ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ ੳ- ਕਾਨੂੰਨੀ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦੇ ਨਵੇਂ ਹੁਕਮ**

1. 49 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆਂ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵੱਸਥਾ ਦੀ ਇਬਾਰਤ ਇਹ ਹੈ:

**"ਧਾਰਾ 3(ਅ) - ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਅਦਾਰਿਆਂ ਦੇ ਦਫ਼ਤਰਾਂ ਆਦਿ ਵਿਚ ਪੰਜਾਬੀ ਦੀ ਵਰਤੋਂ ਬਾਰੇ**

**"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, **ਸਰਕਾਰੀ ਖੇਤਰ ਦੇ ਅਦਾਰਿਆਂ**, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ **ਯੂਨੀਵਰਸਿਟੀਆਂ** ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. 2008 ਦੇ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ, ਡਾਇਰੈਕਟਰ ਭਾਸ਼ਾ ਵਿਭਾਗ (ਅਤੇ ਅਗਾਂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ) ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ, ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੁੰਦਾ ਹੈ ਜਾਂ ਨਹੀਂ, ਇਸ ਤੱਥ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਇਸ ਵਿਵੱਸਥਾ ਦੀ ਇਬਾਰਤ ਇਹ ਹੈ:

**"ਧਾਰਾ 8 (ੳ): ਸਮੀਖਿਆ ਦਾ ਅਧਿਕਾਰ:** ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਦੇ ਅਧੀਨ ਅਤੇ ਇਸ ਮੰਤਵ ਲਈ ਉਸ ਵੱਲੋਂ ਨਾਮਜ਼ਦ ਕੀਤੇ ਗਏ ਅਫਸਰਾਂ ਕੋਲ ਇਸ ਐਕਟ ਦੀਆਂ ਧਾਰਾਵਾਂ 3(ੳ) ਅਤੇ 3(ਅ) ਦੀ ਪਾਲਣਾ ਦਾ ਪਤਾ ਲਗਾਉਣ ਵਾਸਤੇ ਰਾਜ ਸਰਕਾਰ ਦੇ ਸਰਕਾਰੀ ਦਫ਼ਤਰਾਂ, ਜਨਤਕ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਆਦਿ ਦਫ਼ਤਰਾਂ ਦਾ ਮੁਆਇਨਾ ਕਰਨ ਦਾ ਅਧਿਕਾਰ ਹੋਵੇਗਾ। ਦਫ਼ਤਰ ਦਾ ਦਫ਼ਤਰੀ ਰਿਕਾਰਡ ਰੱਖਣ ਵਾਲੇ ਅਫ਼ਸਰ ਆਪਣੇ ਕਬਜੇ ਹੇਠਲਾ ਸਾਰਾ ਰਿਕਾਰਡ ਮੁਆਇਨਾ ਕਰਨ ਵਾਲੇ ਡਾਇਰੈਕਟਰ ਜਾਂ ਅਫ਼ਸਰ ਨੂੰ ਮੁਹੱਈਆ ਕਰਾਉਣਗੇ।'"

3. ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ, ਉਹਨਾਂ ਕਰਮਚਾਰੀਆਂ/ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵੱਸਥਾ ਵੀ ਕੀਤੀ ਗਈ ਹੈ ਜੋ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ। ਇਸ ਵਿਵੱਸਥਾ ਦੀ ਇਬਾਰਤ ਇਹ ਹੈ:

**"ਧਾਰਾ 8(ਸ) ਸਜ਼ਾਵਾਂ-** ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਐਕਟ ਦੀਆਂ ਧਾਰਾਵਾਂ ਜਾਂ ਇਹਨਾਂ ਤਹਿਤ ਕੀਤੇ ਨੋਟੀਫਿਕੇਸ਼ਨਾਂ ਦੀ ਵਾਰ ਵਾਰ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮ, 1970 ਦੇ ਤਹਿਤ ਕਾਰਵਾਈ ਕੀਤੇ ਜਾਣ ਦਾ ਭਾਗੀ ਹੋਵੇਗਾ।"

ਉਪਰੋਕਤ ਉਪ ਧਾਰਾ (1) ਤਹਿਤ ਕਸੂਰਵਾਰ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਬੰਧਤ ਕੰਪੀਟੈਂਟ ਅਥਾਰਟੀ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫਾਰਸ਼ਾਂ ਅਨੁਸਾਰ ਕਰੇਗੀ।

ਬਸ਼ਰਤੇ ਕਿ ਅਜਿਹੀ ਕਾਰਵਾਈ ਤੋਂ ਪਹਿਲਾਂ ਸਬੰਧਤ ਅਧਿਕਾਰੀ ਜਾਂ ਕਰਮਚਾਰੀ ਨੂੰ ਸੁਣੇ ਜਾਣ ਦਾ ਮੌਕਾ ਦਿੱਤਾ ਜਾਵੇਗਾ।'

4. ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਤਾਂ ਬਣਾ ਦਿੱਤੇ ਗਏ ਪਰ ਇਹਨਾਂ ਤੇ ਅਮਲ ਨਹੀਂ ਹੋਇਆ। ਉਲਟਾ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਵੱਧ ਕੰਮ-ਕਾਜ ਹੋਣ ਲੱਗ ਪਿਆ। ਪੰਜਾਬੀ ਭਾਸ਼ਾ ਨਾਲ ਹੁੰਦੀ ਇਸ ਜ਼ਿਆਦਤੀ ਵਿਰੁੱਧ ਕੁਝ ਸੰਸਥਾਵਾਂ (ਵਿਸ਼ੇਸ਼ ਕਰਕੇ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ) ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵੱਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਸ੍ਰੀ ਹਰੀ ਚੰਦ ਅਰੋੜਾ, ਸੀਨੀਅਰ ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਾਨੂੰਨ ਦੀਆਂ ਇਹਨਾਂ ਵਿਵੱਸਥਾਵਾਂ ਦੀ ਹੋ ਰਹੀ ਘੋਰ ਉਲੰਘਣਾ ਬਾਰੇ ਪੰਜਾਬ ਸਰਕਾਰ ਨੂੰ **20 ਦੇ ਕਰੀਬ ਕਾਨੂੰਨੀ ਨੋਟਿਸ** ਦਿੱਤੇ ਗਏ। ਦਬਾਵਾਂ ਹੇਠ ਆਈ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਅਧਿਕਾਰੀਆਂ ਲਈ ਮਿਤੀ 05.09.2018 ਨੂੰ ਇੱਕ ਹੁਕਮ ਜਾਰੀ ਕੀਤਾ ਅਤੇ ਹਦਾਇਤ ਕੀਤੀ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ।' ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, ਪੰਜਾਬ

ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।"

**ਭਾਗ-ਅ- ਪੰਜਾਬੀ ਯੂਨੀਵਰਸਿਟੀ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵੱਸਥਾਵਾਂ ਦੀ ਕੀਤੀ ਜਾਂਦੀ ਉਲੰਘਣਾ ਬਾਰੇ ਜਾਣਕਾਰੀ**

1. ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੇ ਧਿਆਨ ਵਿਚ ਆਇਆ ਹੈ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਜਿਸ ਦੀ ਸਥਾਪਨਾ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਹੀ ਕੀਤੀ ਗਈ ਸੀ, ਵੱਲੋਂ ਆਪਣਾ ਬਹੁਤਾ ਦਫਤਰੀ ਕੰਮ ਕਾਜ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਕੀਤਾ ਜਾਂਦਾ ਹੈ। ਖਾਸ ਕਰ ਵਿਦਿਆਰਥੀਆਂ ਨੂੰ ਦਿੱਤੀਆਂ ਜਾਂਦੀਆਂ ਡਿਗਰੀਆਂ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਛਪੀਆਂ ਹੁੰਦੀਆਂ ਹਨ। ਇਸ ਤਰ੍ਹਾਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਆਪਣਾ ਸਾਰਾ ਦਫਤਰੀ ਕੰਮ ਕਾਜ ਪੰਜਾਬੀ ਭਾਸ਼ਾ ਵਿਚ ਨਾ ਕਰਕੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀ ਸਪੱਸ਼ਟ ਉਲੰਘਣਾ ਕਰ ਰਹੀ ਹੈ। ਇਹਨਾਂ ਕਾਨੂੰਨੀ ਵਿਵੱਸਥਾਵਾਂ ਦੀ ਉਲੰਘਣਾ ਕਰਨ ਕਾਰਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਬੰਧਤ ਅਧਿਕਾਰੀ/ਕਰਮਚਾਰੀ ਪੰਜਾਬ ਰਾਜ ਭਾਸ਼ਾ ਐਕਟ ਦੀ ਧਾਰਾ 8-ਡੀ ਅਧੀਨ ਸਜ਼ਾਵਾਂ ਦੇ ਭਾਗੀਦਾਰ ਹਨ।
2. ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੇ ਧਿਆਨ ਵਿਚ ਇਹ ਵੀ ਆਇਆ ਹੈ ਕਿ ਇਸੇ ਧਾਰਾ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਜਿਸ ਦਾ ਮੁੱਖ ਦਫਤਰ ਪਟਿਆਲਾ ਵਿਚ ਹੈ, ਵੱਲੋਂ ਆਪਣੇ ਲੱਖਾਂ ਉਪਭੋਗਤਾਵਾਂ ਨੂੰ ਬਿਜਲੀ ਦੇ ਬਿਲ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਜਾਰੀ ਕੀਤੇ ਜਾਂਦੇ ਹਨ। ਇਸ ਤਰ੍ਹਾਂ ਇਸ ਕਾਰਪੋਰੇਸ਼ਨ ਵੱਲੋਂ ਵੀ ਪੰਜਾਬੀ ਯੂਨੀਵਰਸਿਟੀ ਵਾਂਗ ਆਪਣਾ ਬਹੁਤਾ ਦਫਤਰੀ ਕੰਮ ਕਾਜ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੀ ਕੀਤਾ ਜਾਂਦਾ ਹੈ। ਇਸ ਤਰ੍ਹਾਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਆਪਣਾ ਸਾਰਾ ਦਫਤਰੀ ਕੰਮ ਕਾਜ ਪੰਜਾਬੀ ਭਾਸ਼ਾ ਵਿਚ ਨਾ ਕਰਕੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀ ਸਪੱਸ਼ਟ ਉਲੰਘਣਾ ਕਰ ਰਹੀ ਹੈ। ਇਹਨਾਂ ਕਾਨੂੰਨੀ ਵਿਵੱਸਥਾਵਾਂ ਦੀ ਉਲੰਘਣਾ ਕਰਨ ਕਾਰਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸਬੰਧਤ ਅਧਿਕਾਰੀ/ ਕਰਮਚਾਰੀ ਪੰਜਾਬ ਰਾਜ ਭਾਸ਼ਾ ਐਕਟ ਦੀ ਧਾਰਾ 8-ਡੀ ਅਧੀਨ ਸਜ਼ਾਵਾਂ ਦੇ ਭਾਗੀਦਾਰ ਹਨ।
3. ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਨੂੰ ਜਾਪਦਾ ਹੈ ਕਿ ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਵੱਲੋਂ ਨਿਯੁਕਤ ਕਿਸੇ ਅਧਿਕਾਰੀ ਵੱਲੋਂ ਪੰਜਾਬੀ ਯੂਨੀਵਰਸਿਟੀ ਅਤੇ ਪੀ.ਐਸ.ਪੀ.ਸੀ.ਐਲ. ਦੇ ਦਫਤਰੀ ਕੰਮ ਕਾਜ ਦੀ ਪੜਤਾਲ ਗਹਿਰਾਈ ਨਾਲ ਨਹੀਂ ਕੀਤੀ ਗਈ। ਸਿੱਟੇ ਵਜੋਂ ਇਹ ਅਦਾਰੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵੱਸਥਾਵਾਂ ਦੀ ਬੇਬਾਕੀ ਨਾਲ ਉਲੰਘਣਾ ਕਰ ਰਹੇ ਹਨ।

**ਭਾਗ-ੲ- ਡਾਇਰੈਕਟਰ ਭਾਸ਼ਾ ਵਿਭਾਗ ਨੂੰ ਧਾਰਾ 8-ਏ ਅਧੀਨ ਲੱਗੀ ਜ਼ਿੰਮੇਵਾਰੀ ਨਿਭਾਉਣ ਲਈ ਬੇਨਤੀ:**

ਆਪ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 8-ਏ ਦੀ ਵਿਵੱਸਥਾ ਰਾਹੀਂ ਉਕਤ ਅਦਾਰਿਆਂ ਦੇ ਕੰਮ ਕਾਜ ਦੇ ਮੁਆਇਨਾ ਕਰਨ ਦੀ ਮਿਲੀ ਤਾਕਤ ਦੀ ਵਰਤੋਂ ਕਰੋ। ਆਪ (ਜਾਂ ਆਪ ਵੱਲੋਂ ਨਾਮਜਦ ਅਧਿਕਾਰੀ) ਤੁਰੰਤ ਪੰਜਾਬੀ

ਯੂਨੀਵਰਸਿਟੀ ਪਟਿਆਲਾ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਦਫਤਰਾਂ ਵਿਚ ਹੁੰਦੇ ਕੰਮ ਕਾਜ (ਖਾਸ ਕਰ ਯੂਨੀਵਰਸਿਟੀ ਵੱਲੋਂ ਦਿੱਤੀਆਂ ਜਾਂਦੀਆਂ ਡਿਗਰੀਆਂ ਅਤੇ ਕਾਰਪੋਰੇਸ਼ਨ ਵੱਲੋਂ ਜਾਰੀ ਕੀਤੇ ਜਾਂਦੇ ਉਪਭੋਗਤਾ ਬਿਲਾਂ) ਦੀ ਵਿਸਥਾਰ ਨਾਲ ਪੜਤਾਲ ਕਰੋ। ਸਬੰਧਤ ਕਸੂਰਵਾਰ ਅਧਿਕਾਰੀਆਂ/ਕਰਮਚਾਰੀਆਂ ਦੀ ਪਹਿਚਾਣ ਕਰਕੇ ਸਬੰਧਤ ਅਧਿਕਾਰੀ ਨੂੰ ਉਸ ਵਿਰੁੱਧ ਬਣਦੀ ਅਨੁਸ਼ਾਸਨੀ ਕਾਰਵਾਈ ਕਰਨ ਦੀ ਤੁਰੰਤ ਸਿਫ਼ਾਰਸ਼ ਕਰੋ ਤਾਂ ਜੋ ਇਹ ਅਦਾਰੇ ਅੱਗੇ ਤੋਂ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਦੀ ਇੰਨ-ਬਿੰਨ ਪਾਲਣਾ ਕਰਨ ਲਈ ਮਜਬੂਰ ਹੋਣ ਅਤੇ ਮਾਂ ਬੋਲੀ ਪੰਜਾਬੀ ਦਾ ਵਿਕਾਸ ਅਤੇ ਪਸਾਰ ਸਹੀ ਢੰਗ ਨਾਲ ਹੋ ਸਕੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

ਮਿੱਤਰ ਸੈਨ ਮੀਤ

| | | |
|---|---|---|
| (ਮਿੱਤਰ ਸੈਨ ਮੀਤ) | (ਸੁਖਇੰਦਰ ਪਾਲ ਸਿੰਘ) | (ਮਹਿੰਦਰ ਸਿੰਘ ਸੇਖੋਂ) |
| ਸਹਾਇਕ ਸੰਚਾਲਕ (ਕਾਨੂੰਨ) | ਸਹਾਇਕ ਸੰਚਾਲਕ (ਦਫ਼ਤਰ) | ਸਹਾਇਕ ਸੰਚਾਲਕ (ਲੋਕ ਸੰਪਰਕ) |

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
2. ਸ੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
3. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
4. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। vk.meena97@ias.gov.in
5. ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ। vc@pbi.ac.in
6. ਚੇਅਰਮੈਨ, ਪੀ.ਐਸ.ਪੀ.ਸੀ.ਐਲ. ਪਟਿਆਲਾ। cmd-pspcl@pspcl.in